VIGILANCE BUREAU, PUNJAB

# VIGILANCE NABS SUPERINTENDENT FOR ACCEPTING BRIBE

Chandigarh, September 11:

Vigilance Bureau Punjab today nabbed Superintendent of Water supply & Sanitation Department red handed accepting bribe of Rs. 30,000/-.

Disclosing this here an official spokesperson of the Vigilance Bureau said that Superintendent Umesh Kumar posted at Divison-3, Bathinda, was caught on the complaint of Lakhvir Singh of Sadik Road, Faridkot.

The complainant has approached the VB and said that he had supplied 9 mobile water tanks to the water supply and sanitation division no 3, Bathinda at a cost of Rs. 12,13,200. But the superintendent Umesh Kumar was demanding Rs.35,000 to clear the pending bill and the deal was struck at Rs. 30,000/-

After verifying his information, the Vigilance team laid a trap and the accused superintendent was arrested on the spot while accepting bribe of Rs. 30,000 from the complainant in the presence of two official witnesses.

He informed that cases under Prevention of Corruption Act have been registered against the accused at VB police station Bathinda and further investigations were under progress

----------------

ਵਿਜੀਲੈਂਸ਼ ਬਿਓਰੋ, ਪੰਜਾਬ

**ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦਾ ਸੁਪਰਡੰਟ 30,000 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ, 11 ਸਤੰਬਰ :

ਵਿਜੀਲੈਂਸ ਬਿਓਰੋ ਪੰਜਾਬ ਨੇ ਅੱਜ ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ-3, ਬਠਿੰਡਾ ਵਿਖੇ ਤਾਇਨਾਤ ਸੁਪਰਡੰਟ ਨੂੰ 30,000 ਰੁਪਏ ਰਿਸ਼ਵਤ ਲੈਂਦਿਆ ਕਾਬੂ ਕੀਤਾ ਹੈ।

ਅੱਜ ਇਥੇ ਵਿਜੀਲੈਂਸ ਬਿਓਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸੁਪਰਡੰਟ ਉਮੇਸ਼ ਕੁਮਾਰ ਨੂੰ ਲਖਵੀਰ ਸਿੰਘ ਵਾਸੀ ਸਾਦਿਕ ਰੋਡ, ਫਰੀਦਕੋਟ ਦੀ ਸ਼ਿਕਾਇਤ ਤੇ ਗ੍ਰਿਫਤਾਰ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਵਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ-3, ਬਠਿੰਡਾ ਵਿਖੇ 9 ਮੋਬਾਈਲ ਵਾਟਰ ਟੈਂਕਰ ਸਪਲਾਈ ਕੀਤੇ ਸਨ। ਇਨ੍ਹਾਂ ਟੈਂਕਰਾਂ ਦੇ ਬਿਲ (12,13,200 ਰੁਪਏ) ਦੀ ਅਦਾਇਗੀ ਕਰਨ ਬਦਲੇ ਉਮੇਸ਼ ਕੁਮਾਰ ਸੁਰਪਡੈਂਟ ਵਲੋਂ 35,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ ਹੈ ਅਤੇ ਸੋਦਾ 30,000 ਰੁਪਏ ਵਿਚ ਤੈਅ ਹੋਇਆ ਹੈ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸੁਪਰਡੰਟ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਬਠਿੰਡਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------------------